# Vice Chairs Visit To India

## ਵਿਦਿਆਰਥੀਆਂ ਨੂੰ ਉੱਚ ਸਿੱਖਿਆ ਮੁਹੱਈਆ ਕਰਵਾਉਣਾ ਸਾਡਾ ਫਰਜ਼ : ਪਾਲ

ਫਿਲੌਰ, 26 ਅਕਤੂਬਰ (ਸੰਦੀਪ)— ਪ੍ਰਵਾਸੀ ਭਾਰਤੀਆਂ ਵਲੋਂ ਪੰਜਾਬ ਦੀ ਸਿਟੀ ਦੇ ਮੋਹ ਨੂੰ ਬਰਕਾਰ ਰੱਖਣ ਲਈ ਆਏ ਦਿਨ ਸੂਬੇ ਦੀ ਤਰੱਕੀ ਲਈ ਉਪਰਾਲੇ ਕੀਤੇ ਜਾਂਦੇ ਰਹਿੰਦੇ ਹਨ। ਸਿੱਖਿਆ ਖੇਤਰ ਵਿਚ ਸੂਬੇ ਅੰਦਰ ਉਪਰਾਲੇ ਕਰਨ ਵਾਲੀ ਬਰਮਿੰਘਮ (ਯੂ. ਕੇ.) ਦੀ ਸਮਾਜ ਸੇਵੀ ਸੰਸਥਾ ਸ੍ਰੀ ਗੁਰੂ ਰਵਿਦਾਸ ਐਜੂਕੇਸ਼ਨ ਅਸਿਸਟੈਂਟ ਟਰੱਸਟ ਦੇ ਵਾਈਸ ਪ੍ਰਧਾਨ ਸ਼੍ਰੀ ਹਰਮੇਸ਼ ਪਾਲ ਦਾ ਫਿਲੌਰ ਦੇ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਵਿਖੇ ਪਹੁੰਚਣ 'ਤੇ ਪ੍ਰਿੰਸੀਪਲ ਪ੍ਰੇਮ ਕੁਮਾਰ ਅਤੇ ਸਟਾਫ ਵਲੋਂ ਫੁੱਲਾਂ ਦੇ ਗੁਲਦਸਤੇ ਭੇਟ ਕਰਕੇ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਸ਼੍ਰੀ ਹਰਮੇਸ਼ ਪਾਲ ਨਾਲ ਡਾ. ਆਰ. ਕੇ. ਮਹਾਜਨ, ਪ੍ਰਿੰਸੀਪਲ ਮੋਹਨ ਲਾਲ ਉਪਲ ਡੀ. ਏ. ਵੀ. ਕਾਲਜ ਫਗਵਾੜਾ, ਸ਼੍ਰੀਮਤੀ ਰਾਧਿਕਾ ਰਤਨ ਪ੍ਰਿੰਸੀਪਲ ਆਈ. ਟੀ. ਆਈ. ਫਗਵਾੜਾ, ਸੇਵਾ ਸਿੰਘ ਗੜ੍ਹਾ ਅਤੇ ਹੋਰ ਨਾਲ ਸਨ। ਵਿਦਿਆਰਥੀਆਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਸ਼੍ਰੀ ਹਰਮੇਸ਼ ਪਾਲ ਨੇ ਕਿਹਾ ਕਿ ਸਾਡੀ ਸੰਸਥਾ ਦਾ ਮੁੱਖ ਮਿਸ਼ਨ ਆਰਥਿਕ ਤੌਰ 'ਤੇ ਸਿੱਖਿਆ ਤੋਂ ਵਾਂਝੇ ਰਹਿਣ ਵਾਲੇ ਵਿਦਿਆਰਥੀਆਂ ਦੀ ਮਦਦ ਕਰਕੇ ਉਨ੍ਹਾਂ ਦੇ ਉਜਵਲ ਭਵਿੱਖ ਦੀ ਕਾਮਨਾ ਕਰਨਾ ਹੈ। ਉਨ੍ਹਾਂ ਵਿਦਿਆਰਥੀਆਂ ਦੇ ਮਾਤਾ-ਪਿਤਾ ਅਤੇ ਸਹਿਯੋਗੀ ਸੱਜਣਾਂ ਨੂੰ ਅਪੀਲ ਕੀਤੀ ਕਿ ਵਿਦਿਆਰਥੀ



*ਸਰਕਾਰੀ ਸਕੂਲ ਵਿਖੇ ਸਮਾਜ ਸੇਵੀ ਹਰਮੇਸ਼ ਪਾਲ ਨੂੰ ਸਨਮਾਨਿਤ ਕਰਦੇ ਹੋਏ ਪ੍ਰਿੰਸੀਪਲ ਪ੍ਰੇਮ ਕੁਮਾਰ ਅਤੇ ਹੋਰ। (ਸੰਦੀਪ)*

ਸਾਡੇ ਦੇਸ਼ ਦਾ ਭਵਿੱਖ ਹਨ, ਇਨ੍ਹਾਂ ਦੀ ਦੇਖ-ਭਾਲ ਕਰਨ ਸਾਡਾ ਮੁੱਢਲਾ ਫਰਜ਼ ਹੈ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸ਼੍ਰੀ ਪ੍ਰੇਮ ਕੁਮਾਰ ਨੇ ਆਏ ਮਹਿਮਾਨਾਂ ਦਾ ਯਾਦਗਾਰੀ ਸਨਮਾਨ ਚਿੰਨ੍ਹ ਭੇਟ ਕਰਕੇ ਸਨਮਾਨ ਕੀਤਾ। ਇਸ ਮੌਕੇ ਸ਼੍ਰੀਮਤੀ ਮੰਜੂ ਨਾਰੰਗ, ਮਾ. ਰਾਜਵੰਤ ਸਿੰਘ, ਮੰਗਲ ਸਿੰਘ, ਹਰਬੰਸ ਸਿੰਘ, ਇਕਬਾਲ ਸਿੰਘ ਅਤੇ ਹੋਰ ਹਾਜ਼ਰ ਸਨ।